VIGILANCE BUREAU PUNJAB

**Vigilance registers disproportionate assets case against former member SSS board, former chairman Punjab Agro Dyal Singh Kolianwali**

Chandigarh 1 July : The Punjab Vigilance Bureau today registered a case against former member of Punjab Subordinate Service Selection (PSSS) Board and former chairman Punjab Agro Industries Dyal Singh Kolianwali for amassing huge wealth than the disclosed sources of his income by misusing his official position.

Disclosing this an official spokesperson of the Vigilance Bureau (VB) said during the investigation, the VB team have chosen a specific check period from the year 2009 to 2014 during which the accused was holding a responsible posting and found that he had got total income of Rs. 2.39 crore. During the check period, accused had spent Rs. 4.10 crores on various moveable and immoveable properties including other expenditures which was more than 71% approximately of his actual earning, he added.

During the investigation it has also been found that the accused had misusing his official position as the employees got transferred/deployed with the collusion of government officials and collected money with the help of the illegal elements. He added that it has also found that Koilanwali has amassing huge wealth i.e. properties, hotels, agricultural forms in states outside like Rajasthan, Uttarakhand etc. "The accused is living a life of royal privileges while staying in the house with a family in around 5 acres of palatial farm house. During that period, he had spent huge amounts on his son's wedding", he added.

The spokesperson further informed that a disproportionate assets case has been registered against the accused under various sections of Prevention of Corruption Act at VB police station Bathinda and further investigations were under progress.

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਵੱਲੋਂ ਐਸ.ਐਸ.ਐਸ ਬੋਰਡ ਦੇ ਸਾਬਕਾ ਮੈਂਬਰ ਤੇ ਪੰਜਾਬ ਐਗਰੋ ਇੰਡਸਟਰੀ ਦੇ ਸਾਬਕਾ ਚੇਅਰਮੈਨ ਦਿਆਲ ਸਿੰਘ ਕੋਲਿਆਂਵਾਲੀ ਖਿਲਾਫ ਵਿੱਤ ਤੋਂ ਵੱਧ ਜਾਇਦਾਦ ਬਣਾਉਣ ਸਬੰਧੀ ਮੁਕੱਦਮਾ ਦਰਜ**

ਚੰਡੀਗੜ੍ਹ 1 ਜੁਲਾਈ : ਪੰਜਾਬ ਵਿਜੀਲੈਂਸ ਬਿਓਰੋ ਨੇ ਅਧੀਨ ਸੇਵਾਵਾਂ ਬੋਰਡ ਦੇ ਸਾਬਕਾ ਮੈਂਬਰ ਅਤੇ ਪੰਜਾਬ ਐਗਰੋ ਇੰਡਸਟਰੀਜ਼ ਕਾਰਪੋਰੇਸ਼ਨ ਲਿਮਟਿਡ ਦੇ ਸਾਬਕਾ ਚੇਅਰਮੈਨ ਦਿਆਲ ਸਿੰਘ ਕੋਲਿਆਂਵਾਲੀ ਖਿਲਾਫ਼ ਆਮਦਨੀ ਦੇ ਜਾਣੂੰ ਸਰੋਤਾਂ ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ਾਂ ਤਹਿਤ ਮੁਕੱਦਮਾ ਦਰਜ ਕੀਤਾ ਹੈ।

ਇਹ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਵੱਲੋਂ ਸਾਲ 2009 ਤੋਂ ਸਾਲ 2014 ਦੇ ਸਮੇਂ ਦੌਰਾਨ ਉਕਤ ਮੁਲਜ਼ਮ ਵੱਲੋਂ ਉਕਤ ਅਹੁਦਿਆਂ ’ਤੇ ਰਹਿੰਦਿਆਂ ਜਾਇਦਾਦ ਬਣਾਉਣ ਸਬੰਧੀ ਪੜਤਾਲ ਕੀਤੀ ਗਈ ਅਤੇ ਉਸ ਵਲੋਂ ਇਸ ਸਮੇ ਦੌਰਾਨ ਆਪਣੇ ਜਾਣੂੰ ਵਸੀਲਿਆਂ ਤੋਂ ਪ੍ਰਾਪਤ ਕੁੱਲ ਆਮਦਨ ਨਾਲੋਂ 1.71 ਕਰੋੜ ਰੁਪਏ ਦਾ ਵੱਧ ਖਰਚਾ ਕੀਤਾ ਗਿਆ ਜੋ ਕਿ ਅਸਲ ਆਮਦਨ ਨਾਲੋਂ ਲੱਗਭੱਗ 71 ਫੀਸਦੀ ਵੱਧ ਬਣਦਾ ਹੈ।

ਵਿਜੀਲੈਂਸ ਦੀ ਪੜਤਾਲ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਉਕਤ ਦੋਸ਼ੀ ਨੇ ਆਪਣੇ ਰੁਤਬੇ ਦੀ ਕੁਵਰਤੋਂ ਕਰਦਿਆਂ ਹੋਏ ਸਰਕਾਰੀ ਗੱਡੀਅਣ ਦੀ ਦੁਰਵਰਤੋਂ ਕੀਤੀ ਅਤੇ ਸਰਕਾਰੀ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਕਰਮਚਾਰੀਆਂ ਦੀਆਂ ਬਦਲੀਆਂ/ਤੈਨਾਤੀਆਂ ਕਰਵਾਕੇ ਭਾਰੀ ਰਕਮਾਂ ਹਾਸਲ ਕੀਤੀਆਂ ਗਈਆਂ ਅਤੇ ਗੈਰ ਕਾਨੂੰਨੀ ਅਨਸਰਾਂ ਦੀ ਮੱਦਦ ਰਾਹੀਂ ਪੈਸੇ ਇਕੱਠੇ ਕੀਤੇ ਗਏ। ਉਨਾਂ ਦੱਸਿਆ ਕਿ ਮੁਲਜ਼ਮ ਕੋਲਿਆਂਵਾਲੀ ਦੀ ਪੰਜਾਬ ਤੋਂ ਬਾਹਰਲੇ ਸੂਬਿਆਂ ਜਿਵੇਂ ਰਾਜਸਥਾਨ, ਉਤਰਾਖੰਡ ਆਦਿ ਰਾਜਾਂ ਵਿਚ ਵੀ ਜਾਇਦਾਦ/ਹੋਟਲ/ਖੇਤੀਬਾੜੀ ਫਾਰਮ ਹੋਣ ਬਾਰੇ ਵੀ ਪਤਾ ਲੱਗਿਆ ਹੈ। ਉਨਾਂ ਕਿਹਾ ਕਿ ਉਕਤ ਮੁਲਜ਼ਮ ਆਪਣੇ ਪਰਿਵਾਰ ਸਮੇਤ ਕਰੀਬ 5 ਏਕੜ੍ਹ ਦੇ ਮਹਿਲਨੁਮਾ ਫਾਰਮ ਹਾਊਸ

ਵਿਚ ਰਿਹਾਇਸ਼ ਰੱਖਦਿਆਂ ਸ਼ਾਹੀ ਸਹੂਲਤਾਂ ਵਾਲੀ ਜਿੰਦਗੀ ਬਤੀਤ ਕਰ ਰਿਹਾ ਹੈ। ਪੜਤਾਲ ਦੌਰਾਨ ਉਕਤ ਚੈਕ ਪੀਰੀਅਡ ਦੇ ਸਮੇਂ ਦੌਰਾਨ ਉਸ ਵੱਲੋਂ ਆਪਣੇ ਲੜਕੇ ਦੇ ਵਿਆਹ 'ਤੇ ਭਾਰੀ ਰਕਮ ਵੀ ਖਰਚ ਕੀਤੀ ਗਈ।

ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਦੀ ਪੜਤਾਲ ਦੌਰਾਨ ਇਹ ਸਪੱਸ਼ਟ ਹੋਇਆ ਹੈ ਕਿ ਦਿਆਲ ਸਿੰਘ ਕੋਲਿਆਂਵਾਲੀ ਵੱਲੋਂ ਆਪਣੇ ਆਹੁਦੇ ਦੀ ਦੁਰਵਰਤੋਂ ਕਰਕੇ ਆਮਦਨ ਦੇ ਜਾਣੂ ਸਰੋਤਾਂ ਤੋਂ ਵੱਧ ਜਾਇਦਾਦ ਬਣਾਈ ਗਈ ਹੈ ਅਤੇ ਜਿਸ ਕਰਕੇ ਉਸ ਖਿਲਾਫ ਵਿਜੀਲੈਂਸ ਬਿਓਰੋ ਦੇ ਬਠਿੰਡਾ ਸਥਿਤ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਪੜਤਾਲ ਅਰੰਭ ਕਰ ਦਿੱਤੀ ਗਈ ਹੈ।